# ਨਵੰਬਰ ਪੰਜਾਬੀ ਖ਼ਬਰਨਾਮਾ

**ਕਤਿਕਿ ਕਰਮ ਕਮਾਵਣੇ ਦੋਸੁ ਨ ਕਾਹੂ ਜੋਗੁ॥**

ਪਿਛਲੇ ਮਹੀਨਿਆਂ ਦੌਰਾਨ ਵਿਦਿਆਰਥੀਆਂ ਨੇ ਪੰਜਾਬੀ/ਗੁਰਮਤਿ ਕਲਾਸਾਂ ਵਿੱਚ ਇਤਿਹਾਸ ਅਤੇ ਪੰਜਾਬੀ ਵਿਸ਼ੇ ਵਿੱਚ ਭਰਪੂਰ ਜਾਣਕਾਰੀ ਪ੍ਰਾਪਤ ਕੀਤੀ। ਗੁਰਮਤਿ ਕਲਾਸਾਂ ਵਿੱਚ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਅਤੇ ਬੰਦੀ-ਛੋੜ੍ਹ ਦਾ ਇਤਿਹਾਸ ਸਾਂਝਾ ਕੀਤਾ ਗਿਆ। ਪੰਜਾਬੀ ਵਿੱਚ ਗਰਾਮਰ ਅਤੇ ਲਗਾਂ-ਮਾਤਰਾ ਦਾ ਸ਼ੁੱਧ ਉਚਾਰਨ ਦਾ ਅਭਿਆਸ ਕਰਵਾਇਆ ਗਿਆ। ਕਿੰਡਰਗਾਰਟਿਨ ਦੇ ਵਿਦਿਆਰਥੀਆਂ ਨੇ ਗੁਰਮੁਖੀ ਅੱਖਰ ਅਤੇ ਪੰਜਾਬੀ ਗਿਣਤੀ ਸਿੱਖਣੀ ਆਰੰਭ ਕੀਤੀ। ਗੁਰਮਤਿ ਕਲਾਸਾਂ ਵਿੱਚ ਦਸ-ਗੁਰੂ ਸਾਹਿਬਾਨਾਂ ਜੀ ਦੇ ਨਾਮ ਦਾ ਅਭਿਆਸ ਸ਼ੁਰੂ ਕੀਤਾ ਗਿਆ । ਪਹਿਲੀ ਤੋਂ ਨੌਵੀਂ ਜਮਾਤਾਂ ਦੇ ਬੱਚੇ ਮਾਤਰਾ ਅਤੇ ਵਾਕਾਂ ਦਾ ਸ਼ੁੱਧ ਉਚਾਰਨ ਸਿੱਖ ਰਹੇ ਹਨ ਅਤੇ ਪਾਠ-ਪੁਸਤਕਾਂ ਵਿੱਚ ਪਾਠ ਪੜ੍ਹ ਕੇ ਬੋਲਣ ਦੀ ਮੁਹਾਰਤ ਹਾਸਿਲ ਕਰ ਰਹੇ ਹਨ।

੯ ਅਕਤੂਬਰ ਨੂੰ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਦੁਨੀਆਂ ਭਰ ਵਿੱਚ ਧੂਮ-ਧਾਮ ਨਾਲ ਮਨਾਇਆ ਗਿਆ। ਜਿਸ ਬਾਰੇ ਸਕੂਲ ਦੇ ਵਿਦਿਆਰਥੀਆਂ ਨੂੰ ਇਤਿਹਾਸ ਨਾਲ ਜਾਣੂ ਕਰਵਾਇਆ ਗਿਆ ਅਤੇ ਗੁਰੂ ਜੀ ਦੇ ਮਹਾਨ ਜੀਵਨ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ੨੫ ਅਕਤੂਬਰ ਵਾਲੇ ਦਿਨ ਬੱਚਿਆਂ ਵੱਲੋਂ ਗੁਰਦੁਆਰਾ ਸਾਹਿਬ ਵਿੱਚ ਕੀਰਤਨ ਦੀ ਸੇਵਾ ਨਿਭਾਈ ਗਈ। ਜਿਸ ਵਿੱਚ ਬੱਚਿਆਂ ਨੇ ਰਾਗਾਂ ਵਿੱਚ ਸ਼ਬਦ ਕੀਰਤਨ ਗਾਇਨ ਕੀਤੇ। ੬ ਨਵੰਬਰ ਵਾਲੇ ਦਿਨ ਬੰਦੀ-ਛੋੜ੍ਹ ਦੀ ਖੁਸ਼ੀ ਵਿੱਚ ਵਿਸ਼ੇਸ਼ ਅਸੈਂਬਲੀ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ।




ਬੰਦੀ-ਛੋੜ੍ਹ ਦਿਵਸ,
ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ,
ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ
ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ
ਬਾਬਾ ਜ਼ੋਰਾਵਰ ਸਿੰਘ ਜੀ ਦਾ ਜਨਮ ਦਿਹਾੜਾ ਆਦਿ।

੨੭ ਨਵੰਬਰ, ਦਿਨ ਸ਼ੁੱਕਰਵਾਰ ਵਾਲੇ ਦਿਨ ਖ਼ਾਲਸਾ ਸਕੂਲ ਕੈਲਗਰੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਾਲਾਨਾ ਪ੍ਰਕਾਸ਼-ਦਿਵਸ ਬਹੁਤ ਧੂਮ-ਧਾਮ ਨਾਲ ਮਨਾਇਆ ਜਾਵੇਗਾ। ਸਾਲਾਨਾ ਗੁਰਪੁਰਬ ਦੇ ਵਿਸ਼ੇ ਬਾਰੇ ਅਗਲੀ ਜਾਣਕਾਰੀ ਪ੍ਰਿੰਸੀਪਲ ਜੀ ਵੱਲੋਂ ਸਾਂਝੀ ਕੀਤੀ ਜਾਵੇਗੀ। ੨੭ ਨਵੰਬਰ ਨੂੰ ਗੁਰੂ ਕੇ ਲੰਗਰਾਂ ਦੀ ਸੇਵਾ (ਦਸਮੇਸ਼ ਕਲਚਰ ਸੈਂਟਰ, ਸਵੇਰੇ ੯-੨ ਵਜੇ ਤੱਕ) ਲਈ ਸਭ ਮਾਤਾ-ਪਿਤਾ ਨੂੰ ਬੇਨਤੀ ਕੀਤੀ ਜਾਂਦੀ ਹੈ।

## ਗੁਰਦੁਆਰਾ ਸਾਹਿਬ ਵਿਖੇ ਕੀਰਤਨ ਸੇਵਾ ਦੀਆਂ ਕੁਝ ਝਲਕੀਆਂ:

